ਨੰ: 2/67/08-2ਸਿ3/-311

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਐਨੀਜ਼ ਸਕੂਲ, ਸੈਕਟਰ-69,
ਮੋਹਾਲੀ।

ਮਿਤੀ,ਚੰਡੀਗੜ੍ਹ 27/6/08

ਵਿਸ਼ਾ:- ਐਨੀਜ਼ ਸਕੂਲ, ਸੈਕਟਰ-69,ਮੋਹਾਲੀ ਨੂੰ ਸੀ.ਬੀ.ਐਸ.ਈ. ਨਵੀਂ ਦਿਲੀ ਨਾਲ ਐਫੀਲੀਏਸਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---------------

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2 ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸ.ਸਿ.) ਮੋਹਾਲੀ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸ.ਸਿ.), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1 ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

Principal

Scanned by CamScanner

ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜਾਉਣਾ ਦਸਵੀ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 27-6-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਮਿਤੀ,ਚੰਡੀਗੜ੍ਹ

ਪਿ.ਠ. ਅੰਕਣ ਨੰ: 2/67/08-2ਸਿ3

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: [illegible] 28-08/ਗ੍ਰ 1(4) ਮਿਤੀ 23-6-2008 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Scanned by CamScanner